# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 22-05-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ 23 ਅਤੇ 24 ਮਈ ਨੂੰ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿਚ ਚੋਣ ਪ੍ਰਚਾਰ ਲਈ ਪੰਜਾਬ ਆ ਰਹੇ ਨੇ। ਭਲਕੇ 23 ਮਈ ਨੂੰ ਉਹ ਪਟਿਆਲਾ ਅਤੇ 24 ਮਈ ਨੂੰ ਗੁਰਦਾਸਪੁਰ ਤੇ ਜਲੰਧਰ ਵਿਚ ਪਾਰਟੀ ਦੀਆਂ ਜਨਤਕ ਰੈਲੀਆਂ ਨੂੰ ਸੰਬੋਧਤ ਕਰਨਗੇ। ਪ੍ਰਧਾਨ ਮੰਤਰੀ ਦੀ ਸੁਰੱਖਿਆ ਨੂੰ ਲੈ ਕੇ ਵੱਖ-ਵੱਖ ਏਜੰਸੀਆਂ ਪਿਛਲੇ ਕਈ ਦਿਨਾਂ ਤੋਂ ਪੂਰੀ ਤਰ੍ਹਾਂ ਨਾਲ ਚੌਕਸ ਨੇ ਅਤੇ ਸੁਰੱਖਿਆ ਪ੍ਰਬੰਧਾਂ ਨੂੰ ਲੈ ਕੇ ਲਗਾਤਾਰ ਰਿਹਰਸਲ ਕੀਤੀ ਜਾ ਰਹੀ ਏ। ਪਟਿਆਲਾ ਤੋਂ ਸਾਡੇ ਪਤਰਕਾਰ ਅਨੁਸਾਰ ਪ੍ਰਧਾਨ ਮੰਤਰੀ ਮੋਦੀ ਦੀ ਇਹ ਰੈਲੀ ਪਟਿਆਲਾ ਦੇ ਪੋਲੋ ਗਰਾਊਂਡ ਵਿਖੇ ਹੋਵੇਗੀ ਜਿੱਥੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਨੇ। ਪ੍ਰਧਾਨ ਮੰਤਰੀ ਦੀ ਫੇਰੀ ਨੂੰ ਵੇਖਦਿਆਂ ਪਟਿਆਲਾ, ਗੁਰਦਾਸਪੁਰ ਅਤੇ ਜਲੰਧਰ ਜ਼ਿਲਾ ਪ੍ਰਸ਼ਾਸਨ ਨੇ ਕਿਸੇ ਵੀ

ਕਿਸਮ ਦੇ ਸਿਵਲ ਰਿਮੋਟ/ਪਾਇਲਟ ਏਅਰ ਕ੍ਰਾਫਟ ਸਿਸਟਮ/ ਡਰੋਨ/ ਆਦਿ ਉਡਾਨ ਤੇ ਪਾਬੰਦੀ ਲਗਾ ਦਿੱਤੀ ਏ। ਇਹ ਹੁਕਮ 24 ਮਈ ਰਾਤ ਨੌ ਵਜੇ ਤਕ ਲਾਗੂ ਰਹਿਣਗੇ।

---------------------------------------------------

ਸ਼੍ਰੀ ਅਨੰਦਪੁਰ ਸਾਹਿਬ ਤੋਂ ਬਹੁਜਨ ਸਮਾਜ ਪਾਰਟੀ ਦੇ ਉਮੀਦਵਾਰ ਜਸਵੀਰ ਸਿੰਘ ਗੜ੍ਹੀ ਦੀ ਚੋਣ ਮੁਹਿੰਮ ਨੂੰ ਤੇਜ ਕਰਦਿਆਂ ਪਾਰਟੀ ਦੇ ਸੂਬਾ ਸਕੱਤਰ ਬਲਵਿੰਦਰ ਸਿੰਘ ਕੁੰਭੜਾ ਵਲੋਂ ਪਿੰਡ ਚੂਹੜ ਮਾਜਰਾ ਚੋਣ ਮੀਟਿੰਗ ਕੀਤੀ ਗਈ। ਇਸ ਮੌਕੇ ਉਨਾਂ ਕਿਹਾ ਕਿ ਬਾਕੀ ਦੀਆਂ ਸਾਰੀਆਂ ਪਾਰਟੀਆਂ ਸਰਮਾਏਦਾਰਾਂ ਦੇ ਹੱਕ ਦੀ ਗੱਲ ਕਰਦੀਆਂ ਨੇ ਅਤੇ ਬਹੁਜਨ ਸਮਾਜ ਪਾਰਟੀ ਹੀ ਅਜਿਹੀ ਇਕਲੌਤੀ ਪਾਰਟੀ ਏ ਜਿਹੜੀ ਗਰੀਬ ਗੁਰਬਿਆਂ, ਕਿਸਾਨਾਂ ਤੇ ਮਜਦੂਰਾਂ ਦੇ ਹਿੱਤਾਂ ਦੀ ਗੱਲ ਕਰਦੀ ਏ। ਉਨਾਂ ਕਿਹਾ ਕਿ ਬਸਪਾ ਉਮੀਦਵਾਰ ਜਸਵੀਰ ਸਿੰਘ ਗੜ੍ਹੀ ਨੂੰ ਪਿੰਡਾਂ ਵਿੱਚੋਂ ਭਰਵਾਂ ਹੁੰਗਾਰਾ ਮਿਲ ਰਿਹਾ ਏ ਅਤੇ ਆਏ ਦਿਨ ਲੋਕ ਬਹੁਜਨ ਸਮਾਜ ਪਾਰਟੀ ਦਾ ਪੱਲਾ ਫੜ ਰਹੇ ਨੇ। ਇਸ ਮੌਕੇ ਬਸਪਾ ਔਰਤ ਵਿੰਗ ਦੀ

ਜ਼ਿਲ੍ਹਾ ਮੁਹਾਲੀ ਦੀ ਪ੍ਰਧਾਨ ਗੁਰਨਾਮ ਕੌਰ ਤੇ ਜਸਪਾਲ ਸਿੰਘ ਸੈਦਪੁਰ ਨੇ ਵੀ ਸੰਬੋਧਨ ਕੀਤਾ।

------------------------------------------------------------

ਚੋਣ ਕਮਿਸ਼ਨ ਵੱਲੋਂ ਲੋਕਸਭਾ ਚੋਣ ਅਮਲ ਪੂਰੀ ਨਿਰਪੱਖਤਾ ਤੇ ਨਿਰਵਿਘਨਤਾ ਨਾਲ ਨੇਪਰੇ ਚਾੜ੍ਹਨ ਸਬੰਧੀਂ ਚੋਣ ਪ੍ਰਕ੍ਰਿਆ 'ਤੇ ਨਜ਼ਰ ਰੱਖਣ ਲਈ ਲੋਕ ਸਭਾ ਹਲਕਾ ਫਤਹਿਗੜ੍ਹ ਸਾਹਿਬ ਦੇ ਅਸੈਂਬਲੀ ਹਲਕਾ ਅਮਰਗੜ੍ਹ ਲਈ ਤਾਇਨਾਤ ਜਰਨਲ ਅਬਜ਼ਰਵਰ ਰਾਕੇਸ਼ ਸੰਕਰ ਅਤੇ ਖਰਚਾ ਅਬਜ਼ਰਵਰ ਆਨੰਦ ਕੁਮਾਰ ਸਮੁੱਚੇ ਚੋਣ ਪ੍ਰਬੰਧਾਂ ਦਾ ਜਾਇਜਾ ਲੈਣ ਲਈ ਅੱਜ ਅਸੈਂਬਲੀ ਹਲਕਾ ਅਮਰਗੜ੍ਹ ਪੁੱਜੇ। ਇਸ ਮੌਕੇ ਉਨ੍ਹਾਂ ਸਰਕਾਰੀ ਕਾਲਜ ਅਮਰਗੜ੍ਹ ਵਿਖੇ ਸਥਾਪਿਤ ਸਟਰਾਂਗ ਰੂਮ ਅਤੇ ਵਿਧਾਨ ਸਭਾ ਅਸੈਂਬਲੀ ਹਲਕਾ ਵਿਖੇ ਸਥਾਪਿਤ ਕਰੀਬ 17 ਪੋਲਿੰਗ ਬੂਥਾ ਤੇ ਕੀਤੇ ਗਏ ਸੁਰੱਖਿਆ ਅਤੇ ਜਰਨਲ ਪ੍ਰਬੰਧਾ ਦਾ ਜਾਇਜਾ ਲਿਆ। ਇਸ ਮੌਕੇ ਜ਼ਿਲ੍ਹਾ ਚੋਣ ਅਫ਼ਸਰ ਡਾ ਪੱਲਵੀ ਸਮੇਤ ਹੋਰ ਸਿਵਲ ਤੇ ਪੁਲਿਸ ਪ੍ਰਸਾਸ਼ਨ ਦੇ ਅਧਿਕਾਰੀ ਵੀ ਮੌਜੂਦ ਸਨ। ਰਾਕੇਸ਼ ਸੰਕਰ ਨੇ ਸਮੁੱਚੇ ਪੋਲਿੰਗ ਪ੍ਰਬੰਧਾ ਦਾ ਜਾਇਜਾ ਲੈਂਦਿਆਂ ਹਦਾਇਤ ਕੀਤੀ ਕਿ

ਪੋਲਿੰਗ ਬੂਥਾਂ ਸਬੰਧੀ ਚੋਣ ਕਮਿਸ਼ਨ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਦੀ ਇੰਨ ਬਿੰਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ ।

---------------------------------------------------

ਲੁਧਿਆਣਾ ਦੇ ਸਮਰਾਲਾ ਨੇੜੇ ਪਿੰਡ ਚਹਿਲਾਂ ਵਿਚ ਅੱਜ ਸਵੇਰੇ ਹਰਿਦੁਆਰ ਤੋਂ ਅੰਮ੍ਰਿਤਸਰ ਜਾ ਰਹੀ ਇਕ ਯਾਤਰੀ ਬੱਸ ਸੜਕ ਦੇ ਵਿਚਕਾਰ ਖੜ੍ਹੇ ਖਰਾਬ ਟਰਾਲੇ ਨਾਲ ਟਕਰਾ ਗਈ । ਇਹ ਹਾਦਸਾ ਇੰਨਾ ਖਤਰਨਾਕ ਸੀ ਕਿ 2 ਔਰਤਾਂ ਦੀ ਮੌਤ ਹੋ ਗਈ ਅਤੇ 20 ਤੋਂ ਵੱਧ ਮੁਸਾਫ਼ਰ ਜ਼ਖਮੀ ਹੋ ਗਏ । ਜਾਣਕਾਰੀ ਅਨੁਸਾਰ ਬੀਤੀ 8 ਮਈ ਨੂੰ ਇਕ ਬੱਸ ਕਿਸਾਨ ਪਰਿਵਾਰਾਂ ਨਾਲ ਸਬੰਧਿਤ ਲੋਕਾਂ ਨੂੰ ਲੈ ਕੇ ਇੰਦੌਰ ਤੋਂ ਧਾਰਮਿਕ ਤੀਰਥ ਸਥਾਨਾਂ ਲਈ ਰਵਾਨਾ ਹੋਈ ਸੀ । ਇਹ ਲੋਕ ਕੇਦਾਰਨਾਥ ਸਮੇਤ ਹੋਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਮਗਰੋਂ ਅੰਮ੍ਰਿਤਸਰ ਜਾ ਰਹੇ ਸਨ । ਅਚਾਨਕ ਪਿੰਡ ਚਹਿਲਾ ਨੇੜੇ ਖੜ੍ਹੇ ਟਰਾਲੇ ਨੂੰ ਤੇਜ਼ ਰਫਤਾਰ ਬੱਸ ਨੇ ਪਿੱਛੋਂ ਟੱਕਰ ਮਾਰ ਦਿੱਤੀ । ਬੱਸ ਦੀ ਟੱਕਰ ਹੋਈ ਤਾਂ ਇਲਾਕੇ ਵਿਚ ਰੌਲਾ ਪੈ ਗਿਆ ਅਤੇ ਆਲੇ ਦੁਆਲੇ ਦੇ ਪਿੰਡਾਂ ਦੇ

ਲੋਕਾਂ ਨੇ ਤੁਰੰਤ ਮਦਦ ਕੀਤੀ। ਜ਼ਖਮੀਆਂ ਨੂੰ ਸਮਰਾਲਾ ਦੇ ਹਸਪਤਾਲ ਲਿਜਾਇਆ ਗਿਆ।

--------------------------------------------------------

ਪੰਜਾਬ ਵਿਚ ਝੁਲਸਾ ਦੇਣ ਵਾਲੀ ਗਰਮੀ ਦਾ ਕਹਿਰ ਜਾਰੀ ਏ। ਮੌਸਮ ਵਿਭਾਗ ਨੇ ਚਾਰ ਜ਼ਿਲ੍ਹਿਆਂ ਫਾਜ਼ਿਲਕਾ, ਮੁਕਤਸਰ, ਬਠਿੰਡਾ ਅਤੇ ਮਾਨਸਾ ਵਿੱਚ ਹੀਟ ਵੇਵ ਸੰਬੰਧੀ ਰੈਡ ਅਲਰਟ ਜਾਰੀ ਕੀਤਾ ਏ। ਬਠਿੰਡਾ ਦਾ ਤਾਪਮਾਨ ਪਿਛਲੇ ਤਿੰਨ ਦਿਨਾਂ ਤੋਂ ਸਭ ਤੋਂ ਵੱਧ ਦਰਜ ਕੀਤਾ ਜਾ ਰਿਹਾ ਏ।

***<u>ਵੇਰਵੇ ਨਾਲ ਇਹ ਰਿਪੋਰਟ</u>: <u>ਡਿਸਪੈਚ: ਬਠਿੰਡਾ ਵਿੱਚ ਕਲ ਇੱਕ ਵਾਰ ਫਿਰ ਸੂਬੇ ਦਾ ਸਭ ਤੋਂ ਵੱਧ ਤਾਪਮਾਨ 45 ਅਸ਼ਰੀਆਂ 4 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਪਿਛਲੇ ਤਿੰਨ ਦਿਨ ਤੋਂ ਬਠਿੰਡਾ ਸੂਬੇ ਵਿਚ ਸਬ ਤੋਂ ਵੱਧ ਗਰਮ ਸ਼ਹਿਰ ਬਣਿਆ ਹੋਇਆ ਏ। ਇਸ ਦੇ ਨਾਲ ਹੀ ਦੇਸ਼ ਵਿਚ 25 ਮਈ ਤੋਂ ਨੌ ਤਪਾ ਯਾਨੀ 9 ਦਿਨ ਲਗਾਤਾਰ ਸੂਰਜ ਦਾ ਤਪਣਾ ਸ਼ੁਰੂ ਹੋਣ ਜਾ ਰਿਹਾ ਏ। ਪਹਿਲੇ ਦਿਨ ਤੋਂ ਹੀ ਤਾਪਮਾਨ ਖਤਰਨਾਕ ਪੱਧਰ ਤੱਕ ਵਧ ਜਾਵੇਗਾ। 46 ਸਾਲ ਪਹਿਲਾਂ</u>***

*21 ਮਈ 1978 ਨੂੰ ਵੱਧ ਤੋਂ ਵੱਧ ਤਾਪਮਾਨ 47 ਅਸ਼ਰੀਆ 7 ਡਿਗਰੀ ਸੈਲਸੀਅਸ ਦਰਜ਼ ਕੀਤਾ ਗਿਆ ਸੀ ਅਤੇ ਹੁਣ ਕਈ ਸ਼ਹਿਰਾਂ ਵਿੱਚ 25 ਮਈ ਨੂੰ ਤਾਪਮਾਨ ਦੇ 48 ਡਿਗਰੀ ਤੱਕ ਪਹੁੰਚਣ ਦੀ ਸੰਭਾਵਨਾ ਦੱਸੀ ਜਾ ਰਹੀ ਏ । ਜੇਕਰ ਅਜਿਹਾ ਹੁੰਦਾ ਏ ਤਾਂ ਪਿਛਲੇ 46 ਸਾਲਾਂ ਦਾ ਰਿਕਾਰਡ ਟੁੱਟ ਜਾਵੇਗਾ । ਏਧਰ ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ, ਪਾਣੀ ਜਾਂ ਓ ਆਰ ਐਸ ਘੋਲ ਦਾ ਸੇਵਨ ਲਗਾਤਾਰ ਕਰਦੇ ਰਹਿਣ, ਜਰੂਰੀ ਹੋਣ ਤੇ ਹੀ ਘਰੋਂ ਬਾਹਰ ਨਿਕਲਣ, ਖਾਸਤੌਰ ਤੇ ਸਿੱਧੀ ਧੁੱਪ ਵਿਚ ਬਾਹਰ ਨਿਕਲਣ ਤੋਂ ਬਚਣ, ਛਾਂ ਵਿੱਚ ਰਹਿਣ ਅਤੇ ਸਵੇਰੇ 11 ਤੋਂ ਸ਼ਾਮ 4 ਵਜੇ ਤਕ ਬਾਹਰ ਜਾਣ ਤੋਂ ਪਰਹੇਜ ਕਰਨ ਦੀ ਸਲਾਹ ਦਿੱਤੀ ਏ । ਸ਼ਿਸ਼ੂ ਸ਼ਰਮਾ ਸ਼ੰਤਾਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---------------------------------------------------

ਏਧਰ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿਚ ਖੇਤਾਂ ਵਿਚ ਹੀ ਕਣਕ ਦੇ ਨਾੜ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਜਾਰੀ ਨੇ । ਸਰਕਾਰੀ

ਅੰਕੜਿਆਂ ਅਨੁਸਾਰ ਕਲ ਨਾੜ ਸਾੜਨ ਦੇ ਕੁਲ 130 ਮਾਮਲੇ ਸਾਹਮਣੇ ਆਏ ਜਿਸ ਨਾਲ ਸੂਬੇ ਵਿਚ ਹੁਣ ਤਕ ਅੱਗ ਲਗਾਉਣ ਦੇ ਮਾਮਲਿਆਂ ਦੀ ਕੁਲ ਗਿਣਤੀ 11 ਹਜ਼ਾਰ 161 ਹੋ ਗਈ ਏ। ਇਹ ਅੰਕੜਾ ਪਿਛਲੇ ਸਾਲ ਦੇ ਇਸੇ ਸਮੇਂ ਦੇ ਅੰਕੜਿਆਂ ਨਾਲੋਂ ਵੱਧ ਗਿਆ ਏ। ਪਿਛਲੇ ਸਾਲ ਅਜਿਹੀਆਂ ਘਟਨਾਵਾਂ ਦੀ ਗਿਣਤੀ 11 ਹਜ਼ਾਰ 124 ਸੀ। ਬੀਤੇ ਕਲ ਨਾੜ ਸਾੜਨ ਦੀਆਂ ਸਬ ਤੋਂ ਵੱਧ ਘਟਨਾਵਾਂ ਲੁਧਿਆਣਾ ਜ਼ਿਲੇ ਵਿਚ 24 ਦਰਜ਼ ਕੀਤੀਆਂ ਗਈਆਂ ਜਦਕਿ ਮੋਗਾ ਵਿਚ 18 ,ਗੁਰਦਾਸਪੁਰ ਵਿਚ 16 ਅਤੇ ਤਰਨਤਾਰਨ ਵਿਚ 14 ਥਾਂਵਾਂ ਤੇ ਖੇਤਾਂ ਵਿਚ ਹੀ ਨਾੜ ਨੂੰ ਅੱਗ ਲਗਾਈ ਗਈ।